**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

# ਜ਼ਿਲ੍ਹੇ ਦੀਆਂ ਮੰਡੀਆਂ `ਚ ਬੀਤੇ ਦਿਨ ਤੱਕ 61405 ਮੀਟ੍ਰਿਕ ਟਨ ਕਣਕ ਦੀ ਹੋਈ ਖਰੀਦ

## ਕਿਸਾਨਾ ਨੂੰ ਖਰੀਦ ਪ੍ਰਕਿਰਿਆ `ਚ ਕੋਈ ਮੁਸ਼ਕਲ ਨਾ ਆਉਣ ਦਿੱਤੀ ਜਾਵੇ



ਫਾਜ਼ਿਲਕਾ, 17 ਅਪ੍ਰੈਲ

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ `ਚ ਬੀਤੇ ਦਿਨ ਤੱਕ 61405 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਖਰੀਦ ਪ੍ਰਕਿਰਿਆ `ਚ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਾ ਆਉਣ ਦਿੱਤੀ ਜਾਵੇ।ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਗਏ ਹਨ ਕਿ ਮੰਡੀਆਂ ਵਿਚ ਕਣਕ ਦੀ ਆਮਦ ਮਗਰੋਂ ਨਾਲੋ-ਨਾਲ ਫਸਲ ਦੀ ਖਰੀਦ ਕੀਤੀ ਜਾਵੇ ਅਤੇ ਲਿਫਟਿੰਗ ਵੀ ਜਲਦ ਤੋਂ ਜਲਦ ਕਰਵਾਈ ਜਾਵੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬੀਤੇ ਦਿਨ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 19618 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ।ਇਸ ਨਾਲ ਜ਼ਿਲ੍ਹੇ ਅੰਦਰ ਹੁਣ ਤੱਕ 61405 ਮੀਟ੍ਰਿਕ ਟਨ ਕਣਕ ਦੀ ਖਰੀਦ ਹੋ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਮੰਡੀਆਂ ਵਿਖੇ ਕਿਸਾਨਾਂ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਫਸਲ ਦੀ ਖਰੀਦ, ਲਿਫਟਿੰਗ ਤੇ ਅਦਾਇਗੀ ਸਬੰਧੀ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ।

ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ੍ਰੀ ਗੁਰਪ੍ਰੀਤ ਸਿੰਘ ਕੰਗ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿਚ 88900 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿਚੋਂ 61405 ਮੀਟ੍ਰਿਕ ਟਨ ਕਣਕ ਦੀ ਖਰੀਦ ਵਿਚੋਂ ਪਨਗ੍ਰੇਨ ਖਰੀਦ ਏਜੰਸੀ ਵੱਲੋਂ ਹੁਣ ਤੱਕ 12740 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 20017 ਮੀਟ੍ਰਿਕ ਟਨ, ਪਨਸਪ ਵੱਲੋਂ 18260, ਪੰਜਾਬ ਸਟੇਟ ਵੇਅਰ ਹਾਉਸ ਵੱਲੋਂ 7503 ਮੀਟ੍ਰਿਕ ਟਨ ਅਤੇ ਐਫ.ਸੀ.ਆਈ. ਵੱਲੋਂ 2885 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ।

**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਜਿਲ੍ਹਾ ਫਾਜਿਲਕਾ ਦੇ ਅਧਿਆਪਕਾਂ ਅਤੇ ਅਧਿਕਾਰੀਆਂ ਨੇ ਭਖਾਈ ਦਾਖਲਾ ਮੁਹਿੰਮ**

ਫਾਜ਼ਿਲਕਾ, 17 ਅਪ੍ਰੈਲ

ਸਿੱਖਿਆ ਮੰਤਰੀ ਸ੍ਰੀ ਵਿਜੈ ਇੰਦਰ ਸਿੰਗਲਾ ਦੀ ਰਹਿਨੁਮਾਈ ਅਤੇ ਸਕੱਤਰ ਸਕੂਲ ਸਿੱਖਿਆ ਵਿਭਾਗ ਪੰਜਾਬ ਸ੍ਰੀ ਕ੍ਰਿਸ਼ਨ ਕੁਮਾਰ ਦੀ ਯੋਗ ਅਗਵਾਈ ਵਿੱਚ ਸਿੱਖਿਆ ਵਿਭਾਗ ਪੰਜਾਬ ਵੱਲੋਂ ਸਰਕਾਰੀ ਸਕੂਲਾਂ ਵਿਚ ਦਾਖਲਿਆਂ ਨੂੰ ਬੜਾਵਾ ਦੇਣ ਲਈ ਸ਼ੁਰੂ ਕੀਤੀ ਈਚ ਵੰਨ ਬਰਿੰਗ ਵੰਨ ਮੁਹਿੰਮ ਤਹਿਤ ਜਿਲ੍ਹਾ ਫਾਜਿਲਕਾ ਦੇ ਵੱਖ ਵੱਖ ਸਕੂਲਾਂ ਵੱਲੋਂ ਪਿੰਡਾਂ ਵਿਚ ਜਾਗਰੂਕਤਾ ਦਾਖਲਾ ਅਭਿਆਨ ਚਲਾਇਆ ਜਾ ਰਿਹਾ ਹੈ।

ਇਸੇ ਕੜੀ ਤਹਿਤ ਜਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਫਾਜ਼ਿਲਕਾ ਡਾ. ਸੁਖਵੀਰ ਸਿੰਘ ਬੱਲ ਨੈਸ਼ਨਲ ਅਵਾਰਡੀ ਦੀ ਪ੍ਰੇਰਨਾ ਨਾਲ ਜਿਲ੍ਹਾ ਫਾਜਿਲਕਾ ਦੇ ਸਮੂਹ ਬੀਪੀਓਜ ਵੱਲੋ ਟੀਮਾਂ ਬਣਾ ਕੇ ਜਿਸ ਵਿੱਚੋਂ ਸਬੰਧਤ ਬਲਾਕ ਦਾ ਬੀਪੀਈਓ, ਸੀਐਚਟੀ, ਬੀਐਮਟੀ ,ਸੀਐਮਟੀ ਵੱਲ ਮਿਲ ਕੇ ਪਿੰਡ- ਪਿੰਡ ਵਿੱਚ ਆਪਣੇ ਨਿੱਜੀ ਵਾਹਨਾਂ `ਤੇ ਵਿਭਾਗਾਂ ਦੇ ਫਲੈਕਸ, ਬੈਨਰ ਲਗਾ ਕੇ ਪ੍ਰਚਾਰ ਕੀਤਾ ਜਾ ਰਿਹਾ ਹੈ ਅਤੇ ਮਾਪਿਆਂ ਨੂੰ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।

ਉਹਨਾਂ ਵੱਲੋਂ ਲੋਕਾਂ ਨੂੰ ਸਰਕਾਰੀ ਸਕੂਲਾਂ ਵਿੱਚ ਮਿਲ ਰਹੀਆਂ ਸਹੂਲਤਾਂ ਤੋ ਜਾਣੂ ਕਰਵਾਇਆ ਅਤੇ ਮਾਪਿਆਂ ਨੂੰ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾਂ ਹੈ।ਉਹਨਾਂ ਕਿਹਾ ਕਿ ਸਾਡੇ ਸਰਕਾਰੀ ਸਕੂਲ ਪੂਰਨ ਸਮਾਰਟ ਬਣ ਚੁੱਕੇ ਹਨ ਜਿੱਥੇ ਪ੍ਰੋਜੈਕਟਰ ,ਐਲ.ਈ.ਡੀ ਅਤੇ ਆਧੁਨਿਕ ਤਕਨੀਕਾਂ ਰਾਹੀਂ ਉੱਚ ਪਾਏ ਦੀ ਸਿੱਖਿਆ ਦਿੱਤੀ ਜਾਂਦੀ ਹੈ। ਸਰਕਾਰੀ ਸਕੂਲਾਂ ਵਿੱਚ ਉੱਚ ਯੋਗਤਾ ਪ੍ਰਾਪਤ ਅਧਿਆਪਕ ਮੌਜੂਦ ਹਨ। ਸਿੱਖਿਆ ਦੇ ਨਾਲ- ਨਾਲ ਸਹਾਇਕ ਗਤੀਵਿਧੀਆਂ ਅਤੇ ਖੇਡਾਂ ਵਿੱਚ ਵੀ ਵਿਦਿਆਰਥੀਆਂ ਨੂੰ ਅੱਗੇ ਵਧਣ ਲਈ ਪੂਰੇ ਮੌਕੇ ਪ੍ਰਦਾਨ ਕੀਤੇ ਜਾ ਰਹੇ ਹਨ। ਸਰਕਾਰੀ ਸਕੂਲਾਂ ਵਿੱਚ ਪੰਜਾਬੀ ਦੇ ਨਾਲ ਅੰਗਰੇਜ਼ੀ ਮਾਧਿਅਮ ਰਾਹੀਂ ਪੜ੍ਹਾਈ ਕਰਵਾਈ ਜਾਂਦੀ ਹੈ।ਉੱਥੇ ਕਿਤਾਬਾਂ, ਵਰਦੀਆਂ ਮੁਫਤ ਅਤੇ ਵੱਡੇ ਪੱਧਰ ਤੇ ਵਜੀਫੇ ਵੀ ਸਰਕਾਰ ਵੱਲੋਂ ਦਿੱਤੇ ਜਾ ਰਹੇ ਹਨ।

ਉਕਤ ਮੁਹਿੰਮ ਨੂੰ ਸੁਚਾਰੂ ਰੂਪ ਨਾਲ ਚਲਾਉਣ ਉੱਪ ਜਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਮੈਡਮ ਅੰਜੂ ਸੇਠੀ, ਜਿਲ੍ਹਾ ਕੋਆਰਡੀਨੇਟਰ ਪੜ੍ਹੋ ਪੰਜਾਬ ਪੜ੍ਹਾਓ ਪੰਜਾਬ ਰਜਿੰਦਰ ਕੁਮਾਰ, ਬੀਪੀਈਓ ਜਸਪਾਲ ਸਿੰਘ, ਬੀਪੀਈਓ ਸਤੀਸ਼ ਮਿਗਲਾਨੀ ,ਬੀਪੀਈਓ ਅਜੇ ਛਾਬੜਾ, ਬੀਪੀਈਓ ਮੈਡਮ ਸੁਨੀਤਾ ਕੁਮਾਰੀ, ਸਮੂਹ ਬੀਐਮਟੀ, ਸੀਐਮਟੀ, ਸਮੂਹ ਸੀਐਚਟੀ ਜਿਲ੍ਹਾ ਸ਼ੋਸ਼ਲ ਮੀਡੀਆ ਕੋਆਰਡੀਨੇਟਰ ਸਿਮਲਜੀਤ ਸਿੰਘ, ਜਿਲ੍ਹਾ ਮੀਡੀਆ ਕੋਆਰਡੀਨੇਟਰ ਇਨਕਲਾਬ ਗਿੱਲ ਵੱਲੋ ਬਣਦਾ ਯੋਗਦਾਨ ਦਿੱਤਾ ਜਾ ਰਿਹਾ ਹੈ।



**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਫਾਜ਼ਿਲਕਾ**

**ਵਿਧਾਇਕ ਦਵਿੰਦਰ ਘੁਬਾਇਆ ਨੇ ਸਵੈ ਰੋਜ਼ਗਾਰ ਦੇ ਕਾਰੋਬਾਰ ਨੂੰ ਪ੍ਰਫੁਲਤ ਕਰਨ ਲਈ ਨੌਜਵਾਨਾਂ ਨੂੰ ਟੂਲ ਕਿੱਟਾਂ ਦੀ ਕੀਤੀ ਵੰਡ**

ਫ਼ਾਜ਼ਿਲਕਾ 17 ਅਪਰੈਲ

ਪੰਜਾਬ ਸਰਕਾਰ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣ ਲਈ ਯਤਨਸ਼ੀਲ ਹੈ।ਰੁਜ਼ਗਾਰ ਦੇ ਨਾਲ ਨਾਲ ਨੌਜਵਾਨਾਂ ਨੂੰ ਸਵੈ ਰੁਜ਼ਗਾਰ ਦੇ ਕਾਰੋਬਾਰ ਨਾਲ ਜੋੜਨ ਲਈ ਸੂਬਾ ਸਰਕਾਰ ਸ਼ਲਾਘਾਯੋਗ ਕਦਮ ਚੁੱਕ ਰਹੀ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਫ਼ਾਜ਼ਿਲਕਾ ਦੇ ਵਿਧਾਇਕ ਸ ਦਵਿੰਦਰ ਸਿੰਘ ਘੁਬਾਇਆ ਨੇ ਨੌਜਵਾਨਾਂ ਨੂੰ ਟੂਲ ਕਿੱਟਾਂ ਦੀ ਵੰਡ ਕਰਨ ਮੌਕੇ ਕੀਤਾ ।

ਇਸ ਮੌਕੇ ਸਰਦਾਰ ਦਵਿੰਦਰ ਸਿੰਘ ਘੁਬਾਇਆ ਨੇ ਕਿਹਾ ਕਿ ਇਨ੍ਹਾਂ ਟੂਲ ਕਿੱਟਾਂ ਦੀ ਮੱਦਦ ਨਾਲ ਹੁਨਰਮੰਦ ਨੌਜਵਾਨ ਆਪਣਾ ਸਵੈ ਰੁਜ਼ਗਾਰ ਦਾ ਕਾਰੋਬਾਰ ਚਲਾ ਸਕਣਗੇ ਤੇ ਪਰਿਵਾਰਕ ਆਮਦਨ ਵਿੱਚ ਵਾਧਾ ਕਰ ਸਕਣਗੇ।

ਵਿਧਾਇਕ ਸ. ਘੁਬਾਇਆ ਨੇ ਕਿਹਾ ਕਿ ਨੌਜਵਾਨਾਂ ਨੂੰ ਉਨ੍ਹਾਂ ਦੇ ਹੁਨਰ ਦੇ ਅਨੁਸਾਰ ਹੀ ਟੂਲ ਕਿੱਟਾਂ ਮੁਹੱਈਆ ਕਰਵਾਈਆਂ ਗਈਆਂ ਹਨ ਜਿਸ ਨਾਲ ਉਹ ਆਪਣੀ ਰੁਚੀ ਅਨੁਸਾਰ ਕੰਮ ਕਰ ਸਕਣਗੇ।

ਇਸ ਮੌਕੇ ਜ਼ਿਲ੍ਹਾ ਭਲਾਈ ਅਫਸਰ ਸ. ਬਰਿੰਦਰ ਸਿੰਘ, ਸੁਰਿੰਦਰ ਕੁਮਾਰ ਸਚਦੇਵਾ ਪ੍ਰਧਾਨ ਨਗਰ ਕੌਂਸਲ ਫਾਜ਼ਿਲਕਾ, ਗੋਲਡੀ ਝਾਂਬ ਐਮ ਸੀ, ਗੌਰਵ ਨਾਰੰਗ, ਗੁਲਾਬੀ ਸਰਪੰਚ ਲਾਧੂਕਾ, ਦੇਸ ਸਿੰਘ ਪ੍ਰਧਾਨ,ਸ਼ਮੰਟਾ ਸਰਪੰਚ ਲਾਧੂਕਾ ਮੰਡੀ, ਮਿੰਕੂ ਕੰਬੋਜ, ਅੰਗਰੇਜ਼ ਸਿੰਘ ਸਰਪੰਚ, ਅਮਨ ਕੁਮਾਰ, ਸੋਨੂ ਸਲੈਮ ਸ਼ਾਹ, ਰਾਜ ਸਿੰਘ ਨੱਥੂ ਚਿਸਤੀ, ਰਮੇਸ਼ ਸਿੰਘ ਸਰਪੰਚ, ਜੋਗਿੰਦਰ ਸਿੰਘ ਘੁਬਾਇਆ, ਅਤੇ ਹੋਰ ਸੀਨੀਅਰ ਲੀਡਰਸ਼ਿਪ ਹਾਜ਼ਰ ਹੋਈ ।





**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਡਿਪਟੀ ਕਮਿਸ਼ਨਰ ਨੇ ਪਿੰਡ ਖੁੰੜਜ ਵਿਖੇ ਬਣੇ ਨਵੇਂ ਖਰੀਦ ਕੇਂਦਰ `ਚ ਕਣਕ ਦੀ ਖਰੀਦ ਕਰਵਾਈ ਸ਼ੁਰੂ**

ਫਾਜ਼ਿਲਕਾ, 17 ਅਪ੍ਰੈਲ

ਸਾਲ 2021 ਦੇ ਹਾੜ੍ਹੀ ਸੀਜਨ ਮੌਕੇ ਜ਼ਿਲ੍ਹੇ ਦੇ ਪਿੰਡ ਖੁੰੜਜ ਵਿਖੇ ਬਣੇ ਨਵੇਂ ਖਰੀਦ ਕੇਂਦਰ `ਚ 15 ਅਪ੍ਰੈਲ 2021 ਨੂੰ ਕਣਕ ਦੀ ਖਰੀਦ ਸ਼ੁਰੂ ਕਰਵਾਈ ਗਈ। ਇਸ ਖਰੀਦ ਦੀ ਸ਼ੁਰੂਆਤ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੱਧੂ ਵੱਲੋਂ ਕਰਵਾਈ ਗਈ। ਇਸ ਮੌਕੇ ਉਨ੍ਹਾਂ ਨਾਲ ਪਿੰਡ ਦੇ ਮੌਜੂਦਾ ਨੰਬਰਦਾਰ ਅਤੇ ਸਾਬਕਾ ਸਰਪੰਚ ਸ. ਗੁਰਲਾਲ ਸਿੰਘ ਸੰਧੂ ਅਤੇ ਚੇਅਰਮੈਨ ਮਾਰਕੀਟ ਕਮੇਟੀ ਜਲਾਲਾਬਾਦ ਸ੍ਰੀ ਰਾਜ ਬਖਸ਼ ਕੰਬੋਜ਼ ਵਿਸ਼ੇਸ਼ ਤੌਰ `ਤੇ ਮੌਜੂਦ ਸਨ।

ਇਸ ਦੌਰਾਨ ਡਿਪਟੀ ਕਮਿਸ਼ਨਰ ਸ. ਸੰਧੂ ਨੇ ਕਿਹਾ ਕਿ ਪਿੰਡ ਖੁੰੜਜ ਦੇ ਸਟੇਡੀਅਮ ਵਿਖੇ ਨਵਾਂ ਖਰੀਦ ਕੇਂਦਰ ਬਣਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਪਿੰਡ ਵਿਖੇ ਕਣਕ ਦੀ ਖਰੀਦ ਪਨਸਪ ਏਜੰਸੀ ਵੱਲੋਂ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਅੱਗੇ ਪਿੰਡ ਦੇ ਕਿਸਾਨਾਂ ਨੂੰ ਆਪਣੀ ਫਸਲ ਦੀ ਵਿਕਰੀ ਲਈ ਦੂਸਰੇ ਖਰੀਦ ਕੇਂਦਰ ਜਾਣਾ ਪੈਂਦਾ ਸੀ, ਪਿੰਡ ਵਿਖੇ ਖਰੀਦ ਕੇਂਦਰ ਬਣਨ ਨਾਲ ਕਿਸਾਨਾਂ ਨੂੰ ਕਾਫੀ ਲਾਹਾ ਹਾਸਲ ਹੋਵੇਗਾ। ਉਨ੍ਹਾਂ ਪਨਸਪ ਏਜੰਸੀ ਦੇ ਅਧਿਕਾਰੀ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਖਰੀਦ ਪ੍ਰਕਿਰਿਆ `ਚ ਕੋਈ ਮੁਸ਼ਕਲ ਨਾ ਆਉਣ ਦਿੱਤੀ ਜਾਵੇ।

ਇਸ ਮੌਕੇ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ੍ਰੀ ਗੁਰਪ੍ਰੀਤ ਸਿੰਘ ਕੰਗ, ਜ਼ਿਲ੍ਹਾ ਮੈਨੇਜਰ ਪਨਸਪ ਸ੍ਰੀ ਵਿਜੈ ਕੁਮਾਰ, ਸ. ਜ਼ਸਵੀਰ ਸਿੰਘ ਗਿੱਲ, ਸ੍ਰੀ ਮੰਗਲ ਸਿੰਘ ਤੋਂ ਇਲਾਵਾ ਹੋਰ ਪਿੰਡ ਦੇ ਮੋਹਤਵਾਰ ਸਜਨ ਮੌਜੂਦ ਸਨ।

